**ਪ੍ਰਧਾਨ ਮੰਤਰੀ ਨੇ ਤ੍ਰਿਨੀਦਾਦ ਅਤੇ ਟੋਬੈਗੋ ਵਿੱਚ ਸੰਸਦ ਨੂੰ ਸੰਬੋਧਿਤ ਕੀਤਾ (04 ਜੁਲਾਈ, 2025)**

ਜੁਲਾਈ 04, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਸੀਨੇਟ ਦੇ ਪ੍ਰਧਾਨ, ਮਹਾਮਹਿਮ ਵੇਡ ਮਾਰਕ ਅਤੇ ਸਦਨ ਦੇ ਸਪੀਕਰ ਮਹਾਮਹਿਮ ਜਗਦੇਵ ਸਿੰਘ ਦੇ ਸੱਦੇ 'ਤੇ ਅੱਜ ਤ੍ਰਿਨੀਦਾਦ ਅਤੇ ਟੋਬੈਗੋ [T&T] ਦੀ ਸੰਸਦ ਦੇ ਸੰਯੁਕਤ ਸੈਸ਼ਨ ਨੂੰ ਸੰਬੋਧਿਤ ਕੀਤਾ। ਤ੍ਰਿਨੀਦਾਦ ਅਤੇ ਟੋਬੈਗੋ ਦੀ ਸੰਸਦ ਨੂੰ ਸੰਬੋਧਿਤ ਕਰਨ ਵਾਲੇ ਉਹ ਭਾਰਤ ਦੇ ਪਹਿਲੇ ਪ੍ਰਧਾਨ ਮੰਤਰੀ ਹਨ ਅਤੇ ਇਹ ਅਵਸਰ ਭਾਰਤ-ਤ੍ਰਿਨੀਦਾਦ ਅਤੇ ਟੋਬੈਗੋ ਦੁਵੱਲੇ ਸਬੰਧਾਂ ਵਿੱਚ ਇੱਕ ਮਹੱਤਵਪੂਰਨ ਮੀਲ ਦਾ ਪੱਥਰ ਹੈ।

2. ਇਸ ਗਰਿਮਾਪੂਰਨ ਸਦਨ ਨੂੰ ਸੰਬੋਧਿਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਸਦੱਸਾਂ ਨੂੰ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਦੀ ਤਰਫ਼ੋਂ ਵਿਸ਼ੇਸ਼ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਨੇ ਤ੍ਰਿਨੀਦਾਦ ਅਤੇ ਟੋਬੈਗੋ ਦਾ ਸਰਬਉੱਚ ਰਾਸ਼ਟਰੀ ਸਨਮਾਨ ਪ੍ਰਦਾਨ ਕਰਨ ਦੇ ਲਈ ਉੱਥੇ ਦੀ ਜਨਤਾ ਦੇ ਪ੍ਰਤੀ ਆਭਾਰ ਵਿਅਕਤ ਕੀਤਾ। ਭਾਰਤੀ ਲੋਕਤੰਤਰ ਦੀ ਜੀਵੰਤਤਾ ਬਾਰੇ ਵਿਸਥਾਰ ਨਾਲ ਦੱਸਦੇ ਹੋਏ, ਉਨ੍ਹਾਂ ਨੇ ਕਿਹਾ ਕਿ ਭਾਰਤ ਨੇ ਲੋਕਤੰਤਰ ਦੀ ਜਨਨੀ ਦੇ ਰੂਪ ਵਿੱਚ, ਇਸ ਅਭਿਆਸ ਨੂੰ ਆਪਣੇ ਸੱਭਿਆਚਾਰ ਅਤੇ ਜੀਵਨ ਦਾ ਅਨਿੱਖੜਵਾਂ ਅੰਗ ਬਣਾ ਲਿਆ ਹੈ। ਉਨ੍ਹਾਂ ਨੇ ਕਿਹਾ ਕਿ ਇਸ ਦ੍ਰਿਸ਼ਟੀਕੋਣ ਨੇ ਭਾਰਤ ਦੀ ਵਿਵਿਧਤਾ ਨੂੰ ਫਲਣ-ਫੁੱਲਣ ਅਤੇ ਸਮ੍ਰਿੱਧ ਹੋਣ ਅਤੇ ਸਾਰੇ ਵਿਚਾਰਾਂ ਦੇ ਸਹਿ-ਹੋਂਦ ਅਤੇ ਸੰਸਦੀ ਵਿਚਾਰ-ਵਟਾਂਦਰਿਆਂ ਅਤੇ ਜਨਤਕ ਚਰਚਾਵਾਂ ਨੂੰ ਸਮ੍ਰਿੱਧ ਬਣਾਉਣ ਦਾ ਅਵਸਰ ਦਿੱਤਾ ਹੈ।

3. ਪ੍ਰਧਾਨ ਮੰਤਰੀ ਨੇ T&T ਨੂੰ ਉਸਦੀ ਸਫਲ ਲੋਕਤੰਤਰੀ ਯਾਤਰਾ ਦੇ ਲਈ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਭਾਰਤ ਨੂੰ ਸੁਤੰਤਰਤਾ ਦੀ ਰਾਹ 'ਤੇ T&T ਦੇ ਲੋਕਾਂ ਦੇ ਨਾਲ ਇਕਜੁੱਟਤਾ ਨਾਲ ਖੜ੍ਹੇ ਹੋਣ ਦਾ ਸੁਭਾਗ ਮਿਲਿਆ ਹੈ। ਉਨ੍ਹਾਂ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਆਧੁਨਿਕ ਰਾਸ਼ਟਰਾਂ ਦੇ ਰੂਪ ਵਿੱਚ ਦੋਨੋ ਦੇਸ਼ਾਂ ਦਰਮਿਆਨ ਗਹਿਰੇ ਸਬੰਧ ਹੋਰ ਵੀ ਮਜ਼ਬੂਤ ਹੋਏ ਹਨ। ਭਾਰਤ ਦੁਆਰਾ ਉਪਹਾਰ ਵਿੱਚ ਦਿੱਤੀ ਗਈ ਸਪੀਕਰ ਦੀ ਕੁਰਸੀ ਵਿੱਚ ਸਟੀਕ ਤੌਰ 'ਤੇ ਝਲਕਦੇ ਦੋਵੇਂ ਲੋਕਤੰਤਰਾਂ ਦੇ ਗੂੜ੍ਹੇ ਸਬੰਧਾਂ ਨੂੰ ਰੇਖਾਂਕਿਤ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਦੁਵੱਲੇ ਸੰਸਦੀ ਅਦਾਨ-ਪ੍ਰਦਾਨ ਨੂੰ ਹੋਰ ਵਧਾਉਣ ਦੀ ਮੰਗ ਕੀਤੀ। ਸਦਨ ਵਿੱਚ ਮਹਿਲਾ ਸੰਸਦ ਸਦੱਸਾਂ ਦੀ ਬਹੁਤ ਸੰਖਿਆ ਵਿੱਚ ਮੌਜੂਦਗੀ 'ਤੇ ਖੁਸ਼ੀ ਜ਼ਾਹਰ ਕਰਦੇ ਹੋਏ, ਉਨ੍ਹਾਂ ਨੇ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾਵਾਂ ਦੇ ਲਈ 33% ਸੀਟਾਂ ਰਿਜ਼ਰਵ ਕਰਨ ਦੀ ਦਿਸ਼ਾ ਵਿੱਚ ਭਾਰਤ ਵਲੋਂ ਚੁੱਕੇ ਗਏ ਇਤਿਹਾਸਕ ਕਦਮ 'ਤੇ ਚਾਨਣਾ ਪਾਇਆ। ਉਨ੍ਹਾਂ ਨੇ ਭਾਰਤ ਵਿੱਚ ਜ਼ਮੀਨੀ ਪੱਧਰ 'ਤੇ ਅਗਵਾਈ ਕਰਨ ਵਾਲੀਆਂ ਮਹਿਲਾ ਨੇਤਾਵਾਂ ਬਾਰੇ ਵੀ ਵਿਸਥਾਰ ਨਾਲ ਦੱਸਿਆ, ਅਤੇ ਇਸ ਸੰਦਰਭ ਵਿੱਚ, ਦੇਸ਼ ਵਿੱਚ ਸਥਾਨਕ ਸ਼ਾਸਨ ਸੰਸਥਾਨਾਂ ਨੂੰ ਸਸ਼ਕਤ ਕਰਨ ਵਾਲੀਆਂ ਲਗਭਗ 1.5 ਮਿਲੀਅਨ ਚੁਣੀਆਂ ਗਈਆਂ ਮਹਿਲਾਵਾਂ ਦਾ ਜ਼ਿਕਰ ਕੀਤਾ।

4. ਪ੍ਰਧਾਨ ਮੰਤਰੀ ਨੇ ਮਨੁੱਖਤਾ ਦੇ ਸਾਹਮਣੇ ਮੌਜੂਦ ਚੁਣੌਤੀਆਂ ਬਾਰੇ ਵਿਸਤਾਰ ਨਾਲ ਦੱਸਿਆ। ਉਨ੍ਹਾਂ ਨੇ ਵਿਸ਼ਵ ਭਾਈਚਾਰੇ ਨੂੰ ਸ਼ਾਂਤੀ ਪਸੰਦ ਸਮਾਜ ਦੇ ਲਈ ਗੰਭੀਰ ਖਤਰਾ ਬਣ ਚੁੱਕੇ ਅੱਤਵਾਦ ਦੇ ਵਿਰੁੱਧ ਲੜਾਈ ਨੂੰ ਮਜ਼ਬੂਤ ਕਰਨ ਲਈ ਵਿਸ਼ਵ ਸਮੁਦਾਇ ਨੂੰ ਸੱਦਾ ਦਿੱਤਾ। ਉਨ੍ਹਾਂ ਨੇ ਵਿਸ਼ਵ ਸ਼ਾਸਨ ਵਿੱਚ ਸੁਧਾਰ ਅਤੇ ਗਲੋਬਲ ਸਾਊਥ ਨੂੰ

ਉਸ ਦਾ ਹੱਕ ਦਿੱਤੇ ਜਾਣ ਦੀ ਮੰਗ ਕੀਤੀ। ਉਨ੍ਹਾਂ ਨੇ ਭਾਰਤ-CARICOM ਸਬੰਧਾਂ ਨੂੰ ਹੋਰ ਮਜ਼ਬੂਤ ਕਰਨ ਦੀ ਵਚਨਬੱਧਤਾ ਜਤਾਈ।

5. ਤ੍ਰਿਨੀਦਾਦ ਵਿੱਚ ਭਾਰਤੀਆਂ ਦੇ ਆਗਮਨ ਦੇ 180 ਸਾਲ ਪੂਰੇ ਹੋਣ ਦੇ ਅਵਸਰ 'ਤੇ ਜਾਰੀ ਸਮਾਰੋਹ ਨੂੰ ਯਾਦ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੋਵਾਂ ਦੇਸ਼ਾਂ ਦੇ ਵਿਚਕਾਰ ਰਿਸ਼ਤੇ ਸਦੀਆਂ ਪੁਰਾਣੇ ਸਬੰਧਾਂ ਦੀ ਬੁਨਿਆਦ 'ਤੇ ਅਧਾਰਿਤ ਹਨ ਅਤੇ ਇਹ ਰਿਸ਼ਤੇ ਹੋਰ ਵੀ ਗਹਿਰੇ ਅਤੇ ਸਮ੍ਰਿੱਧ ਹੁੰਦੇ ਜਾਣਗੇ।

6. ਸੰਸਦ ਨੂੰ ਪ੍ਰਧਾਨ ਮੰਤਰੀ ਦਾ ਪੂਰਾ ਸੰਬੋਧਨ ਇੱਥੇ ਦੇਖਿਆ ਜਾ ਸਕਦਾ ਹੈ।

ਪੋਰਟ ਆਫ ਸਪੇਨ

ਜੁਲਾਈ 04, 2025